Vigilance Bureau Punjab

## Vigilance nabs revenue Patwari for taking bribe

Chandigarh, November 6 : State Vigilance Bureau today nabbed a revenue Patwari red handed while accepting bribe of Rs.5,000.

Disclosing this here an official spokesperson of the Vigilance Bureau said Gurdeep Singh, Patwari posted at Mehma Sarja in Bathinda district was nabbed red handed by Vigilance team for accepting bribe of Rs. 5,000 from complainant Jagsir Singh of village Mehma Sarja.

The complainant has approached the VB that the above said Patwari was demanding Rs. 5,000/- for mutation of his land. After verifying his information, a team from Vigilance bureau Bathinda range laid a trap and the accused Patwari was arrested on the spot while accepting bribe of Rs. 5,000/- from the complainant in the presence of two official witnesses.

He informed that a case under Prevention of Corruption Act has been registered against the accused at VB police station Bathinda and further investigation was under progress.

---------------

ਵਿਜੀਲੈਂਸ ਬਿਓਰੋ ਪੰਜਾਬ

**5,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਵੱਲੋਂ ਕਾਬੂ**

ਚੰਡੀਗੜ੍ਹ, 6 ਨਵੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਮਾਲ ਹਲਕਾ ਮਹਿਮਾ ਸਰਜਾ, ਜਿਲਾ ਬਠਿੰਡਾ ਵਿਖੇ ਤਾਇਨਾਤ ਪਟਵਾਰੀ ਗੁਰਦੀਪ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਸ਼ਿਕਾਇਤਕਰਤਾ ਮਹਿਮਾ ਸਰਜਾ ਦੇ ਹੀ ਜਗਸੀਰ ਸਿੰਘ ਦੀ ਸ਼ਿਕਾਇਤ ’ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਜਮੀਨ ਦੀ ਜਮਾਂਬੰਦੀ ਕਰਨ ਬਦਲੇ 5,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਰੇਂਜ ਬਠਿੰਡਾ ਦੀ ਟੀਮ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਬਠਿੰਡਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------------